ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ ਰਾਗੁ ਗੂਜਰੀ ਮਹਲਾ ੧ ਚਉਪਦੇ ਘਰੁ ੧ ॥ ਤੇਰਾ ਨਾਮੁ ਕਰੀ ਚਨਣਾਠੀਆ ਜੇ ਮਨੁ ਉਰਸਾ ਹੋਇ ॥ ਕਰਣੀ ਕੁੰਗੂ ਜੇ ਰਲੈ ਘਟ ਅੰਤਰਿ ਪੂਜਾ ਹੋਇ ॥੧ ॥ ਪੂਜਾ ਕੀਚੈ ਨਾਮੁ ਧਿਆਈਐ ਬਿਨੁ ਨਾਵੈ ਪੂਜ ਨ ਹੋਇ ॥੧ ॥ ਰਹਾਉ ॥ ਬਾਹਰਿ ਦੇਵ ਪਖਾਲੀਅਹਿ ਜੇ ਮਨੁ ਧੋਵੈ ਕੋਇ ॥ ਜੂਠਿ ਲਹੈ ਜੀਉ ਮਾਜੀਐ ਮੋਖ ਪਇਆਣਾ ਹੋਇ ॥੨ ॥ ਪਸੂ ਮਿਲਹਿ ਚੰਗਿਆਈਆ ਖੜੁ ਖਾਵਹਿ ਅੰਮ੍ਰਿਤੁ ਦੇਹਿ ॥ ਨਾਮ ਵਿਹੂਣੇ ਆਦਮੀ ਧ੍ਰਿਗੁ ਜੀਵਣ ਕਰਮ ਕਰੇਹਿ ॥੩ ॥ ਨੇੜਾ ਹੈ ਦੂਰਿ ਨ ਜਾਣਿਅਹੁ ਨਿਤ ਸਾਰੇ ਸੰਮ੍ਹਾਲੇ ॥ ਜੋ ਦੇਵੈ ਸੋ ਖਾਵਣਾ ਕਹੁ ਨਾਨਕ ਸਾਚਾ ਹੇ ॥੪॥੧॥

{ਪੰਨਾ 489}

ਪਦਅਰਥ:- ਚਨਣਾਠੀਆ—{ਚੰਦਨ ਕਾਠ} ਚੰਦਨ ਦੀ ਲੱਕੜੀ। ਕਰੀ—ਮੈਂ ਕਰਾਂ। ਉਰਸਾ—ਸਿਲ, ਚੰਦਨ ਘਸਾਣ ਵਾਲਾ ਵੱਟਾ। ਕਰਣੀ—ਉੱਚਾ ਆਚਰਨ। ਕੁੰਗੂ—ਕੁੰਕੁਮ, ਕੇਸਰ। ਘਟ—ਹਿਰਦਾ।1।

ਕੀਚੈ—ਕਰਨੀ ਚਾਹੀਦੀ ਹੈ। ਪੂਜ—ਪੂਜਾ।1। ਰਹਾਉ।

ਦੇਵ—ਦੇਵਤੇ, ਮੂਰਤੀਆਂ। ਪਖਾਲੀਅਹਿ—ਧੋਤੇ ਜਾਂਦੇ ਹਨ। ਜੂਠਿ—ਵਿਕਾਰਾਂ ਦੀ ਮੈਲ। ਮਾਜੀਐ—ਮਾਂਜਿਆ ਜਾਂਦਾ ਹੈ, ਸਾਫ਼ ਪਵਿਤ੍ਰ ਹੋ ਜਾਂਦਾ ਹੈ। ਮੋਖ —ਵਿਕਾਰਾਂ ਤੋਂ ਆਜ਼ਾਦ, ਖੁਲ੍ਹਾ। ਪਇਆਣਾ—{pRXwx} ਸਫ਼ਰ।2।

ਖੜੁ—ਘਾਹ। ਅੰਮ੍ਰਿਤੁ—(ਦੁੱਧ ਵਰਗਾ) ਉੱਤਮ ਪਦਾਰਥ। ਵਿਹੂਣੇ—ਸੱਖਣੇ। ਧ੍ਰਿਗੁ—ਫਿਟਕਾਰ-ਜੋਗ। ਕਰੇਹਿ—ਕਰਹਿ, ਕਰਦੇ ਹਨ।3।

ਨੇੜਾ—ਨੇੜਤਾ, ਨੇੜੇ ਦੀ ਸਾਂਝ, ਡੂੰਘੀ ਸਾਂਝ। ਸਾਰੇ—ਸਾਰ ਲੈਂਦਾ ਹੈ। ਸੰਮ੍ਹਾਲੇ—ਸੰਭਾਲ ਕਰਦਾ ਹੈ। ਸਾਚਾ—ਸਦਾ-ਥਿਰ ਰਹਿਣ ਵਾਲਾ। ਹੇ—ਹੈ।4।

ਅਰਥ:- (ਹੇ ਪ੍ਰਭੂ!) ਜੇ ਮੈਂ ਤੇਰੇ ਨਾਮ (ਦੀ ਯਾਦ) ਨੂੰ ਚੰਨਣ ਦੀ ਲੱਕੜੀ ਬਣਾ ਲਵਾਂ , ਜੇ ਮੇਰਾ ਮਨ (ਉਸ ਚੰਦਨ ਦੀ ਲੱਕੜੀ ਨੂੰ ਘਸਾਣ ਵਾਸਤੇ) ਸਿਲ ਬਣ ਜਾਏ, ਜੇ ਮੇਰਾ ਉੱਚਾ ਆਚਰਨ (ਇਹਨਾਂ ਦੇ ਨਾਲ) ਕੇਸਰ (ਬਣ ਕੇ) ਰਲ ਜਾਏ, ਤਾਂ ਤੇਰੀ ਪੂਜਾ ਮੇਰੇ ਹਿਰਦੇ ਦੇ ਅੰਦਰ ਹੀ ਪਈ ਹੋਵੇਗੀ।1।

(ਹੇ ਭਾਈ !) ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ , ਇਹੀ ਪੂਜਾ ਕਰਨੀ ਚਾਹੀਦੀ ਹੈ। ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਹੋਰ ਕੋਈ ਪੂਜਾ (ਐਸੀ) ਨਹੀਂ (ਜੋ ਪਰਵਾਨ ਹੋ ਸਕੇ)।1। ਰਹਾਉ।

ਜਿਵੇਂ ਬਾਹਰ ਦੇਵ -ਮੂਰਤੀਆਂ ਦੇ ਇਸ਼ਨਾਨ ਕਰਾਈਦੇ ਹਨ , ਤਿਵੇਂ ਜੇ ਕੋਈ ਮਨੁੱਖ ਆਪਣੇ ਮਨ ਨੂੰ (ਨਾਮ-ਸਿਮਰਨ ਨਾਲ) ਧੋਵੇ, ਤਾਂ ਉਸ ਦੇ ਮਨ ਦੀ ਵਿਕਾਰਾਂ ਦੀ ਮੈਲ ਲਹਿ ਜਾਂਦੀ ਹੈ, ਉਸ ਦੀ ਜਿੰਦ ਸੁੱਧ-ਪਵਿਤ੍ਰ ਹੋ ਜਾਂਦੀ ਹੈ, ਉਸ ਦਾ ਜੀਵਨ-ਸਫ਼ਰ ਵਿਕਾਰਾਂ ਤੋਂ ਆਜ਼ਾਦ ਹੋ ਜਾਂਦਾ ਹੈ।2।

(ਇਸ ਧਰਤੀ ਉਤੇ ਮਨੁੱਖ, ਪਸ਼ੂ ਪੰਛੀ ਆਦਿਕ ਸਭ ਦਾ ਸਿਰਦਾਰ ਮੰਨਿਆ ਜਾਂਦਾ ਹੈ, ਪਰ) ਪਸ਼ੂਆਂ ਨੂੰ ਸ਼ਾਬਾਸ਼ੇ ਮਿਲਦੀਆਂ ਹਨ, ਉਹ ਘਾਹ ਖਾਂਦੇ ਹਨ ਤੇ (ਦੁੱਧ ਵਰਗਾ) ਉੱਤਮ ਪਦਾਰਥ ਦੇਂਦੇ ਹਨ। ਨਾਮ ਤੋਂ ਸੱਖਣੇ ਮਨੁੱਖਾਂ ਦਾ ਜੀਵਨ ਫਿਟਕਾਰ -ਜੋਗ ਹੈ ਕਿਉਂਕਿ ਉਹ (ਨਾਮ ਵਿਸਾਰ ਕੇ ਹੋਰ ਹੋਰ ) ਕੰਮ ਹੀ ਕਰਦੇ ਹਨ।3।

ਹੇ ਨਾਨਕ! (ਆਖ—ਹੇ ਭਾਈ!) ਸਾਡੀ ਤੇ ਪ੍ਰਭੂ ਦੀ ਬੜੀ ਨੇੜੇ ਦੀ ਸਾਂਝ ਹੈ (ਇਤਨੀ ਨੇੜੇ ਦੀ ਕਿ) ਜੋ ਕੁਝ ਉਹ ਸਾਨੂੰ ਦੇਂਦਾ ਹੈ ਉਹੀ ਅਸੀਂ ਖਾਂਦੇ ਹਾਂ (ਖਾ ਕੇ ਜੀਵਨ-ਨਿਰਬਾਹ ਕਰਦੇ ਹਾਂ), ਉਹ (ਦਾਤਾ) ਹੈ ਭੀ ਸਦਾ (ਸਾਡੇ ਸਿਰ ਉਤੇ ) ਕਾਇਮ। ਉਸ ਨੂੰ ਆਪਣੇ ਤੋਂ ਦੂਰ ਨਾਹ ਸਮਝੋ , ਉਹ ਸਦਾ ਸਾਡੀ ਸਾਰ ਲੈਂਦਾ ਹੈ ਸੰਭਾਲ ਕਰਦਾ ਹੈ (ਮੂਰਤੀਆਂ ਦੀ ਪੂਜਾ ਕਰਨ ਦੇ ਥਾਂ ਉਸ ਹਾਜ਼ਰ -ਨਾਜ਼ਰ ਪ੍ਰਭੂ ਦਾ ਨਾਮ ਧਿਆਵੋ)।4।1।